ਧਨਾਸਰੀ ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਘਰਿ ਬਾਹਰਿ ਤੇਰਾ ਭਰਵਾਸਾ ਤੂ ਜਨ ਕੈ ਹੈ ਸੰਗਿ ॥ ਕਰਿ ਕਿਰਪਾ ਪ੍ਰੀਤਮ ਪ੍ਰਭ ਅਪੁਨੇ ਨਾਮੁ ਜਪਉ ਹਰਿ ਰੰਗਿ ॥੧॥ ਜਨ ਕਉ ਪ੍ਰਭ ਅਪਨੇ ਕਾ ਤਾਣੁ ॥ ਜੋ ਤੂ ਕਰਹਿ ਕਰਾਵਹਿ ਸੁਆਮੀ ਸਾ ਮਸਲਤਿ ਪਰਵਾਣੁ ॥ ਰਹਾਉ ॥ ਪਤਿ ਪਰਮੇਸਰੁ ਗਤਿ ਨਾਰਾਇਣੁ ਧਨੁ ਗੁਪਾਲ ਗੁਣ ਸਾਖੀ ॥ ਚਰਨ ਸਰਨ ਨਾਨਕ ਦਾਸ ਹਰਿ ਹਰਿ ਸੰਤੀ ਇਹ ਬਿਧਿ ਜਾਤੀ ॥੨॥੧॥੨੫॥ {ਪੰਨਾ 677}

ਪਦਅਰਥ:- ਘਰਿ—ਘਰ ਵਿਚ। ਭਰਵਾਸਾ—ਆਸਰਾ, ਸਹਾਰਾ। ਕੈ ਸੰਗਿ—ਦੇ ਨਾਲ। ਹੈ—ਹੈਂ ਪ੍ਰੀਤਮ ਪ੍ਰਭ—ਹੇ ਪ੍ਰੀਤਮ ਪ੍ਰਭੂ! ਜਪਉ—ਜਪਉਂ, ਮੈਂ ਜਪਾਂ। ਰੰਗਿ—ਪ੍ਰੇਮ ਵਿਚ (ਟਿਕ) ਕੇ।1।

ਕਉ—ਨੂੰ। ਤਾਣੁ—ਆਸਰਾ। ਕਰਾਵਹਿ—ਜੀਵਾਂ ਪਾਸੋਂ ਕਰਾਂਦਾ ਹੈਂ। ਸੁਆਮੀ—ਹੇ ਸੁਆਮੀ! ਸਾ—ਉਹ {ਇਸਤ੍ਰੀ ਲਿੰਗ}। ਮਸਲਤਿ—ਸਲਾਹ, ਪ੍ਰੇਰਨਾ। ਪਰਵਾਣੁ—ਕਬੂਲ, ਪਸੰਦ। ਰਹਾਉ।

ਪਤਿ—ਇੱਜ਼ਤ। ਗਤਿ—ਉੱਚੀ ਆਤਮਕ ਅਵਸਥਾ। ਗੁਪਾਲ ਗੁਣ ਸਾਖੀ—ਗੋਪਾਲ ਦੇ ਗੁਣਾਂ ਦੀਆਂ ਸਾਖੀਆਂ। ਦਾਸ ਹਰਿ—ਹਰੀ ਦੇ ਦਾਸ। ਸੰਤੀ—ਸੰਤੀਂ, ਸੰਤਾਂ ਨੇ। ਇਹ ਬਿਧਿ—ਇਹ ਜੀਵਨ-ਜੁਗਤਿ। ਜਾਤੀ—ਸਮਝੀ ਹੈ।2।

ਅਰਥ:- ਹੇ ਭਾਈ! ਪ੍ਰਭੂ ਦੇ ਸੇਵਕ ਨੂੰ ਆਪਣੇ ਪ੍ਰਭੂ ਦਾ ਆਸਰਾ ਹੁੰਦਾ ਹੈ। ਹੇ ਮਾਲਕ-ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ ਜੋ ਕੁਝ ਤੂੰ (ਸੇਵਕ ਪਾਸੋਂ) ਕਰਾਂਦਾ ਹੈਂ, (ਸੇਵਕ ਨੂੰ) ਉਹੀ ਪ੍ਰੇਰਨਾ ਪਸੰਦ ਆਉਂਦੀ ਹੈ। ਰਹਾਉ।

ਹੇ ਪ੍ਰਭੂ! ਤੇਰੇ ਸੇਵਕ ਨੂੰ ਘਰ ਦੇ ਅੰਦਰ ਭੀ, ਘਰੋਂ ਬਾਹਰ ਭੀ ਤੇਰਾ ਹੀ ਸਹਾਰਾ ਰਹਿੰਦਾ ਹੈ, ਤੂੰ ਆਪਣੇ ਸੇਵਕ ਦੇ (ਸਦਾ) ਨਾਲ ਰਹਿੰਦਾ ਹੈਂ। ਹੇ ਮੇਰੇ ਪ੍ਰੀਤਮ ਪ੍ਰਭੂ! (ਮੇਰੇ ਉਤੇ ਭੀ) ਮੇਹਰ ਕਰ, ਮੈਂ ਤੇਰੇ ਪਿਆਰ ਵਿਚ ਟਿਕ ਕੇ ਤੇਰਾ ਨਾਮ ਜਪਦਾ ਰਹਾਂ।1।

ਹੇ ਭਾਈ! (ਪਰਮਾਤਮਾ ਦੇ ਸੇਵਕ ਨੂੰ) ਪਰਮਾਤਮਾ (ਦਾ ਨਾਮ ਹੀ) ਇੱਜ਼ਤ ਹੈ, ਪਰਮਾਤਮਾ (ਦਾ ਨਾਮ ਹੀ) ਉੱਚੀ ਆਤਮਕ ਅਵਸਥਾ ਹੈ, ਪਰਮਾਤਮਾ ਦੇ ਗੁਣਾਂ ਦੀਆਂ ਸਾਖੀਆਂ ਸੇਵਕ ਵਾਸਤੇ ਧਨ-ਪਦਾਰਥ ਹੈ। ਹੇ ਨਾਨਕ! ਪ੍ਰਭੂ ਦੇ ਸੇਵਕ ਪ੍ਰਭੂ ਦੇ ਚਰਨਾਂ ਦੀ ਸਰਨ ਪਏ ਰਹਿੰਦੇ ਹਨ। ਸੰਤ ਜਨਾਂ ਨੇ ਇਸੇ ਨੂੰ (ਸਹੀ) ਜੀਵਨ-ਜੁਗਤਿ ਸਮਝਿਆ ਹੈ।2।1। 25।